# ਬੀ.ਸੀ. ਵਿੱਚ ਗਰੇਡ 9 ਵਿੱਚ ਇਮਿਊਨਾਈਜ਼ੇਸ਼ਨਜ਼
## Grade 9 Immunizations in B.C.

ਬੀਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜ਼ਿਆਦਾ ਜਾਨਾਂ ਬਚਾਈਆਂ ਹਨ।

ਵੈਕਸੀਨਾਂ ਤੁਹਾਡੇ ਬੱਚੇ ਦੀ ਬਹੁਤ ਸਾਰੀਆਂ ਬੀਮਾਰੀਆਂ ਅਤੇ ਉਨ੍ਹਾਂ ਦੀਆਂ ਜਟਿਲਤਾਵਾਂ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ ਵਧੀਆ ਤਰੀਕਾ ਹਨ।ਜਦੋਂ ਤੁਸੀਂ ਆਪਣੇ ਬੱਚੇ ਨੂੰ ਬੀਮਾਰੀਆਂ ਤੋਂ ਬਚਾਉਣ ਲਈ ਟੀਕੇ ਲਗਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

ਮੇਨਿੰਗਜੋਕੋਕਲ ਕੁਆਡ੍ਰੀਵੇਲੈਂਟ ਕੌਂਜੂਗੇਟ ਵੈਕਸੀਨ ਅਤੇ ਟੀਡੈਪ (Tdap) ਵੈਕਸੀਨ ਗਰੇਡ 9 ਵਿੱਚ ਸਾਰੇ ਵਿਦਿਆਰਥੀਆਂ ਲਈ ਪੇਸ਼ ਕੀਤੀਆਂ ਜਾਂਦੀਆਂ ਹਨ। ਤੁਹਾਡੇ ਬੱਚੇ ਨੂੰ ਹੋਰ ਵੈਕਸੀਨਾਂ ਦੀ ਪੇਸ਼ਕਸ਼ ਕੀਤੀ ਜਾ ਸਕਦੀ ਹੈ ਜੇਕਰ ਉਹਨਾਂ ਨੂੰ ਸਿਫ਼ਾਰਸ਼ ਕੀਤੇ ਬਚਪਨ ਦੀਆਂ ਵੈਕਸੀਨਾਂ ਦੀਆਂ ਸਾਰੀਆਂ ਖੁਰਾਕਾਂ ਨਹੀਂ ਲੱਗੀਆਂ ਹਨ ਜਿਹਨਾਂ ਲਈ ਉਹ ਯੋਗ ਹਨ। ਬੀ.ਸੀ. ਵਿੱਚ ਸਿਫ਼ਾਰਸ਼ ਕੀਤੀਆਂ ਬਚਪਨ ਦੀਆਂ ਵੈਕਸੀਨਾਂ ਬਾਰੇ ਹੋਰ ਜਾਣਕਾਰੀ ਲਈ, www.healthlinkbc.ca/health-library/immunizations/schedules 'ਤੇ ਬੀ.ਸੀ. ਦੀਆਂ ਟੀਕਾਕਰਨ ਦੀਆਂ ਸਮਾਂ-ਸਾਰਣੀਆਂ ਦੇਖੋ।

ਤੁਹਾਡੇ ਬੱਚੇ ਦੁਆਰਾ ਬਿਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ ਜੇਕਰ ਤੁਹਾਡੇ ਬੱਚੇ ਨੂੰ ਬੀ.ਸੀ. ਤੋਂ ਬਾਹਰ ਕੋਈ ਵੀ ਵੈਕਸੀਨ ਲੱਗੀ ਹੈ, ਤਾਂ ਤੁਸੀਂ ਉਹਨਾਂ ਦੇ ਵੈਕਸੀਨ ਰਿਕਾਰਡ ਨੂੰ ਇੱਥੇ ਅੱਪਡੇਟ ਕਰ ਸਕਦੇ ਹੋ www.immunizationrecord.gov.bc.ca.

### ਮੇਨਿੰਗਜੋਕੋਕਲ ਕੁਆਡ੍ਰੀਵੇਲੈਂਟ ਕੌਂਜੂਗੇਟ (meningococcal quadrivalent conjugate) ਵੈਕਸੀਨ ਕੀ ਹੈ?

ਮੇਨਿੰਗਜੋਕੋਕਲ ਕੁਆਡ੍ਰੀਵੇਲੈਂਟ ਕੌਂਜੂਗੇਟ ਵੈਕਸੀਨ 4 ਕਿਸਮਾਂ ਦੇ ਮੇਨਿੰਗਜੋਕੋਕਲ ਬੈਕਟੀਰੀਆ: ਟਾਇਪਾਂ ਏ, ਸੀ, ਵਾਏ ਅਤੇ ਡਬਲਿਊ ਤੋਂ ਹੋਣ ਵਾਲੇ ਵਿਗਾੜ ਵਿਰੁੱਧ ਰੱਖਿਆ ਕਰਦੀ ਹੈ।ਇਸ ਨੇ ਮੇਨਿੰਗਜੋਕੋਕਲ – ਸੀ (ਮੇਨ-ਸੀ) ਵੈਕਸੀਨ ਦੀ ਥਾਂ ਲਈ ਹੈ ਜਿਹੜੀ ਪਹਿਲਾਂ ਗਰੇਡ 6 ਵਿਚਲੇ ਵਿਦਿਆਰਥੀਆਂ ਨੂੰ ਪੇਸ਼ ਕੀਤੀ ਜਾਂਦੀ ਸੀ। ਬੱਚਿਆਂ ਨੂੰ ਗਰੇਡ 9 ਵਿੱਚ ਮੇਨਿੰਗਜੋਕੋਕਲ ਕੁਆਡ੍ਰੀਵੇਲੈਂਟ ਕੌਂਜੂਗੇਟ ਵੈਕਸੀਨ ਲੈਣੀ ਚਾਹੀਦੀ ਹੈ, ਤਾਂ ਵੀ ਜੇ ਉਨ੍ਹਾਂ ਨੇ ਛੋਟੇ ਹੁੰਦਿਆਂ ਮੇਨ-ਸੀ ਵੈਕਸੀਨ ਪ੍ਰਾਪਤ ਕੀਤੀ ਸੀ।

ਹੋਰ ਜਾਣਕਾਰੀ ਲਈ, HealthLinkBC File #23b ਮੇਨਿੰਗਜੋਕੋਕਲ ਕੁਆਡ੍ਰੀਵੇਲੈਂਟ ਵੈਕਸੀਨ ਦੇਖੋ।

### ਮੇਨਿੰਗਜੋਕੋਕਲ ਵਿਗਾੜ ਕੀ ਹੈ?

ਮੇਨਿੰਗਜੋਕੋਕਲ ਵਿਗਾੜ ਬੈਕਟੀਰੀਆ ਕਰਕੇ ਹੁੰਦਾ ਹੈ।ਬੀ.ਸੀ. ਵਿੱਚ ਟਾਇਪ ਏ, ਸੀ, ਵਾਏ ਅਤੇ ਡਬਲਿਊ ਕਰਕੇ ਮੇਨਿੰਗਜੋਕੋਕਲ ਵਿਗਾੜ ਬੀ ਸੀ ਵਿੱਚ ਬਹੁਤ ਵਿਰਲਾ ਹੈ।ਹਾਲਾਂਕਿ ਇਹ ਵਿਰਲਾ ਹੈ, ਇਸ ਕਰਕੇ ਗੰਭੀਰ ਅਤੇ ਜਾਨ ਨੂੰ ਖਤਰੇ ਵਿੱਚ ਪਾਉਣ ਵਾਲੇ ਵਿਗਾੜ ਹੋ ਸਕਦੇ ਹਨ।ਇੰਨ੍ਹਾਂ ਵਿੱਚ ਮੈਨਿੰਨਜਾਈਟਸ, ਦਿਮਾਗ ਨੂੰ ਢੱਕਣ ਵਾਲੀ ਪਰਤ ਦਾ ਵਿਗਾੜ ਅਤੇ ਸੈਪਟੀਸੀਮੀਆ, ਖ਼ੂਨ ਦੇ ਵਿਗਾੜ ਸ਼ਾਮਲ ਹਨ। ਬੀਮਾਰ ਹੋਣ ਵਾਲੇ ਹਰੇਕ 100 ਲੋਕਾਂ ਵਿੱਚੋਂ 10 ਤੋਂ 15 ਤੱਕ ਦੀ ਮੌਤ ਹੋ ਜਾਏਗੀ, ਜੇ ਉਹ ਇਲਾਜ ਪ੍ਰਾਪਤ ਕਰਦੇ ਹਨ ਤਾਂ ਵੀ।ਵਿਗਾੜ ਦੀਆਂ ਸਥਾਈ ਜਟਿਲਤਾਵਾਂ ਵਿੱਚ ਸ਼ਾਮਲ ਹਨ ਦਿਮਾਗੀ ਨੁਕਸਾਨ, ਬਹਿਰਾਪਨ ਅਤੇ ਲੱਤਾਂ ਬਾਹਵਾਂ ਦੀ ਹਾਨੀ।

ਮੇਨਿੰਗਜੋਕੋਕਲ ਵਿਗਾੜ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਇੱਕ ਵਿਅਕਤੀ ਤੋਂ ਦੂਜੇ ਤੱਕ ਫੈਲਦਾ ਹੈ।ਇਹ ਚੁੰਮਣ, ਜਾਂ ਖਾਣਾ, ਪੇਯ, ਸਿਗਰਟਾਂ, ਲਿਪਸਟਿਕਾਂ, ਪਾਣੀ ਦੀਆਂ ਬੋਤਲਾਂ, ਖੇਡਾਂ ਲਈ ਵਰਤੇ ਜਾਣ ਵਾਲੇ ਮਾਉਥ ਗਾਰਡ ਜਾਂ ਸੰਗੀਤ ਦੇ ਸਾਜ਼ਾਂ ਦੇ ਮੂੰਹ ਵਾਲੇ ਹਿੱਸਿਆਂ ਨੂੰ ਸਾਂਝਾ ਕਰਨ ਦੁਆਰਾ ਥੁੱਕ ਰਾਹੀਂ ਵੀ ਫੈਲ ਸਕਦਾ ਹੈ।

### ਟੀਡੈਪ ਵੈਕਸੀਨ (Tdap vaccine) ਕੀ ਹੈ?

ਟੀਡੈਪ ਵੈਕਸੀਨ 3 ਬੀਮਾਰੀਆਂ ਵਿਰੁੱਧ ਰੱਖਿਆ ਕਰਦੀ ਹੈ:

- ਟੈਟਨਸ
- ਡਿਪਥੀਰੀਆ
- ਪਰਟੂਸਿਸ (ਜਾਂ ਵੂਪਿੰਗ ਕੱਫ)

ਗਰੇਡ 9 ਵਿੱਚ ਪੇਸ਼ ਕੀਤੀ ਗਈ ਟੀਡੈਪ ਵੈਕਸੀਨ ਉਨ੍ਹਾਂ ਬੱਚਿਆਂ ਲਈ ਬੂਸਟਰ ਖੁਰਾਕ ਹੈ ਜਿੰਨਾਂ ਦਾ ਛੋਟੀ ਉਮਰ ਵਿੱਚ ਇੰਨਾਂ ਬੀਮਾਰੀਆਂ ਵਿਰੁੱਧ ਟੀਕਾਕਰਣ ਕੀਤਾ ਗਿਆ ਸੀ।ਬੂਸਟਰ ਖੁਰਾਕ ਇੰਨਾਂ ਬੀਮਾਰੀਆਂ ਵਿਰੁੱਧ ਬਿਹਤਰ ਸੁਰੱਖਿਆ ਪ੍ਰਦਾਨ ਕਰਨ ਲਈ ਸਰੀਰ ਦੀ ਬੀਮਾਰੀ ਤੋਂ ਸੁਰੱਖਿਆ ਕਰਨ ਵਾਲੀ ਪ੍ਰਣਾਲੀ ਨੂੰ ਮਜਬੂਤ ਬਣਾਉਂਦੀ ਹੈ ਜਾਂ ਵਧਾਵਾ ਦਿੰਦੀ ਹੈ।ਜੇ ਤੁਹਾਡੇ ਬੱਚੇ ਨੂੰ ਉਨ੍ਹਾਂ ਦੇ 10 ਵੇਂ ਜਨਮਦਿਨ ਤੇ ਜਾਂ ਉਸ ਤੋਂ ਬਾਅਦ ਟੀਡੈਪ ਵੈਕਸੀਨ ਦੀ ਖ਼ੁਰਾਕ ਮਿਲੀ ਹੈ, ਤਾਂ ਉਨ੍ਹਾਂ ਨੂੰ ਗਰੇਡ 9 ਵਿੱਚ ਖ਼ੁਰਾਕ ਦੀ ਲੋੜ ਨਹੀਂ ਹੈ।

ਹੋਰ ਜਾਣਕਾਰੀ ਲਈ, HealthLinkBC File #18c ਟੈਟਨਸ, ਡਿਪਥੀਰੀਆ ਅਤੇ ਪਰਟੂਸਿਸ (ਟੀਡੈਪ) ਵੈਕਸੀਨ ਦੇਖੋ।

### ਟੈਟਨਸ (tetanus), ਡਿਪਥੀਰੀਆ (diphtheria) ਅਤੇ ਪਰਟੂਸਿਸ (pertussis) ਕੀ ਹਨ?

**ਟੈਟਨਸ**, ਜਿਸ ਨੂੰ ਲੌਕਜਾਅ (lockjaw) ਵੀ ਕਿਹਾ ਜਾਂਦਾ ਹੈ, ਦਾ ਕਾਰਨ ਅਜਿਹਾ ਬੈਕਟੀਰੀਆ ਹੈ ਜੋ ਅਕਸਰ ਮਿੱਟੀ ਵਿੱਚ ਪਾਇਆ ਜਾਂਦਾ ਹੈ। ਜਦੋਂ ਇਹ ਬੈਕਟੀਰੀਆ ਚੀਰ ਜਾਂ ਝਰੀਟ ਦੇ ਰਾਹੀਂ ਚਮੜੀ ਵਿੱਚ ਦਾਖਲ ਹੋ ਜਾਂਦੇ ਹਨ, ਤਾਂ ਉਹ ਅਜਿਹੇ ਜ਼ਹਿਰ ਦਾ ਉਤਪਾਦਨ ਕਰਦੇ ਹਨ ਜੋ ਸਾਰੇ ਸਰੀਰ ਵਿੱਚ ਮਾਸਪੇਸ਼ੀਆਂ ਦੀ ਦਰਦਨਾਕ ਅਕੜਨ ਦਾ ਕਾਰਨ ਬਣ ਸਕਦੇ ਹਨ।ਜੇ ਸਾਹ ਲੈਣ ਵਾਲੀਆਂ ਮਾਸਪੇਸ਼ੀਆਂ ਪ੍ਰਭਾਵਤ ਹੋ ਜਾਣ ਤਾਂ ਇਹ ਬਹੁਤ ਗੰਭੀਰ ਹੈ। ਟੈਟਨਸ ਹੋਣ ਵਾਲੇ 5 ਵਿਅਕਤੀਆਂ ਵਿੱਚੋਂ 1 ਦੀ ਮੌਤ ਹੋ ਸਕਦੀ ਹੈ।

**ਡਿਪਥੀਰੀਆ**, ਨੱਕ ਅਤੇ ਗਲੇ ਦਾ ਇੱਕ ਗੰਭੀਰ ਵਿਗਾੜ ਹੈ ਜੋ ਡਿਪਥੀਰੀਆ ਬੈਕਟੀਰੀਆ ਕਰਕੇ ਹੁੰਦਾ ਹੈ। ਇਹ ਬੈਕਟੀਰੀਆ ਲੋਕਾਂ ਦੇ ਛਿੱਕਣ ਜਾਂ ਖੰਘਣ ਕਰਕੇ ਹਵਾ ਰਾਹੀਂ, ਅਤੇ ਸਿੱਧੇ ਤੌਰ ਉੱਤੇ ਚਮੜੀ ਨਾਲ ਚਮੜੀ ਦਾ ਸੰਪਰਕ ਹੋਣ ਨਾਲ ਫੈਲਦੇ ਹਨ। ਇਸ ਬੀਮਾਰੀ ਦਾ ਨਤੀਜਾ ਸਾਹ ਸੰਬੰਧੀ ਬਹੁਤ ਗੰਭੀਰ ਸਮੱਸਿਆਵਾਂ ਹੋ ਸਕਦਾ ਹੈ। ਇਹ ਹਾਰਟ ਫੇਲ ਹੋਣ ਜਾਂ ਲਕਵੇ ਦਾ ਕਾਰਨ ਵੀ ਬਣ ਸਕਦੀ ਹੈ। ਡਿਪਥੀਰੀਆ ਹੋਣ ਵਾਲੇ 10 ਲੋਕਾਂ ਵਿੱਚੋਂ ਲਗਭਗ 1 ਦੀ ਮੌਤ ਹੋ ਸਕਦੀ ਹੈ।

**ਪਰਟੂਸਿਸ**, ਜਿਸ ਨੂੰ ਵੂਪਿੰਗ ਕੱਫ ਦੀ ਤਰ੍ਹਾਂ ਵੀ ਜਾਣਿਆ ਜਾਂਦਾ ਹੈ, ਪਰਟੂਸਿਸ ਬੈਕਟੀਰੀਆ ਕਰਕੇ ਹੋਣ ਵਾਲਾ ਸਾਹ ਦੇ ਰਸਤਿਆਂ ਦਾ ਗੰਭੀਰ ਵਿਗਾੜ ਹੈ। ਪਰਟੂਸਿਸ ਨਿਮੋਨਿਆ, ਝੰਜੋੜਾਂ, ਦਿਮਾਗ ਨੂੰ ਨੁਕਸਾਨ ਜਾਂ ਮੌਤ ਦਾ ਕਾਰਨ ਬਣ ਸਕਦੀ ਹੈ। ਇਹ ਜਟਿਲਤਾਵਾਂ ਅਕਸਰ ਸਭ ਤੋਂ ਜ਼ਿਆਦਾ ਛੋਟੇ ਬੱਚਿਆਂ ਵਿੱਚ ਦੇਖੀਆਂ ਜਾਂਦੀਆਂ ਹਨ। ਇਹ ਬੈਕਟੀਰੀਆ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਅਸਾਨੀ ਨਾਲ ਫੈਲ ਜਾਂਦੇ ਹਨ। ਪਰਟੂਸਿਸ ਕਰਕੇ ਜ਼ੋਰਦਾਰ ਖੰਘ ਆ ਸਕਦੀ ਹੈ ਜਿਸ ਦਾ ਅੰਤ ਅਕਸਰ ਅਗਲੇ ਸਾਹ ਤੋਂ ਪਹਿਲਾਂ ਇੱਕ ਲਲਕਾਰ ਵਰਗੀ ਅਵਾਜ ਨਾਲ ਹੁੰਦਾ ਹੈ। ਇਹ ਖੰਘ ਕਈ ਮਹੀਨਿਆਂ ਤੱਕ ਰਹਿ ਸਕਦੀ ਹੈ ਅਤੇ ਅਕਸਰ ਸਭ ਤੋਂ ਜ਼ਿਆਦਾ ਰਾਤ ਵੇਲੇ ਵਾਪਰਦੀ ਹੈ। ਪਰਟੂਸਿਸ ਹੋਣ ਵਾਲੇ 170 ਨਿਆਣਿਆਂ ਵਿੱਚੋਂ ਲਗਭਗ 1 ਦੀ ਮੌਤ ਹੋ ਸਕਦੀ ਹੈ।

## ਇੰਨਾਂ ਵੈਕਸੀਨਾਂ ਦੇ ਬਾਦ ਦੀਆਂ ਸੰਭਾਵੀ ਪ੍ਰਤਿਕ੍ਰਿਆਵਾਂ ਕੀ ਹਨ?

ਆਮ ਪ੍ਰਤਿਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਤੁਹਾਨੂੰ ਸਿਰ ਦਰਦ, ਥਕਾਵਟ, ਮਾਸਪੇਸ਼ੀ ਜਾਂ ਜੋੜਾਂ ਵਿੱਚ ਦਰਦ, ਮਤਲੀ, ਚਿੜਚਿੜਾਪਨ, ਭੁੱਖ ਨਾ ਲੱਗਣਾ, ਠੰਢ ਲੱਗਣਾ ਅਤੇ ਬੁਖਾਰ ਵੀ ਹੋ ਸਕਦਾ ਹੈ।

ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ। ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਐਲਰਜਿਕ ਪ੍ਰਤਿਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲੀਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇ ਅਜਿਹੀ ਪ੍ਰਤਿਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੂਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ ਕੀਤੇ ਜਾਣਾ ਸ਼ਾਮਲ ਹਨ। ਜੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤਿਕ੍ਰਿਆਵਾਂ ਬਾਰੇ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਵੈਕਸੀਨ ਦੀ ਸਿਫਾਰਸ਼ ਇੰਨਾਂ ਵਾਸਤੇ ਨਹੀਂ ਕੀਤੀ ਜਾਂਦੀ ਹੈ:

- ਉਹ ਲੋਕ ਜਿੰਨਾਂ ਨੂੰ ਵੈਕਸੀਨ ਦੀ ਪਹਿਲਾਂ ਦਿੱਤੀ ਗਈ ਜਾਂ ਵੈਕਸੀਨ ਦੇ ਕਿਸੇ ਅੰਸ਼ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਪ੍ਰਤਿਕਿਰਿਆ ਹੋਈ ਹੈ
- ਟੈਟਨਸ ਵੈਕਸੀਨ ਲਗਵਾਉਣ ਦੇ 8 ਹਫਤਿਆਂ ਦੇ ਅੰਦਰ ਹੀ ਬਿਨਾਂ ਕਿਸੇ ਹੋਰ ਕਾਰਣ ਦੀ ਪਛਾਣ ਕੀਤੇ ਜਾਣ ਬਗੈਰ ਗੁਲੀਅਨ ਬਾਰ ਸਿੰਨਡਰੋਮ (ਜੀ ਬੀ ਐਸ) ਵਿਕਸਤ ਕਰਨ ਵਾਲੇ ਲੋਕਾਂ ਨੂੰ ਟੀਡੈਪ ਵੈਕਸੀਨ ਨਹੀਂ ਲੈਣੀ ਚਾਹੀਦੀ। ਜੀ ਬੀ ਐਸ ਇੱਕ ਵਿਰਲੀ ਅਵਸਥਾ ਹੈ ਜਿਸ ਦਾ ਨਤੀਜਾ ਸਰੀਰ ਦੀਆਂ ਮਾਸਪੇਸ਼ੀਆਂ ਵਿੱਚ ਲਕਵਾ ਹੋ ਸਕਦਾ ਹੈ। ਇਹ ਸਭ ਤੋਂ ਆਮਤੌਰ ਤੇ ਵਿਗਾੜਾਂ ਤੋਂ ਬਾਦ ਹੁੰਦੀ ਹੈ, ਪਰ ਵਿਰਲੇ ਕੇਸਾਂ ਵਿੱਚ ਜੀ ਬੀ ਐਸ ਕੁਝ ਵੈਕਸੀਨਾਂ ਤੋਂ ਬਾਦ ਵੀ ਹੋ ਸਕਦੀ ਹੈ

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬੀਮਾਰੀ ਕਰਕੇ ਬੀਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

BC Centre for Disease Control
Provincial Health Services Authority